**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ 6 ਸ਼ਾਖਾ)**

ਸੇਵਾ ਵਿਖੇ

ਰਾਜ ਦੇ ਸਮੂਹ ਡਿਪਟੀ ਕਮਿਸ਼ਨਰ

ਮੀਮੋ ਨੰ 11/90/09/4ਸਿ6/2524
ਮਿਤੀ ਚੰਡੀਗੜ੍ਹ 26 ਨਵੰਬਰ, 2009

**ਵਿਸ਼ਾ** **ਵੋਟਰ ਸੂਚੀ ਦੀ ਸੁਧਾਈ ਲਈ ਅਧਿਆਪਕਾਂ ਦੀ ਬਤੌਰ ਬੂਥ ਲੇਵਲ ਅਫਸਰ ਡਿਊਟੀ ਨਾ ਲਗਾਉਣ ਬਾਰੇ ।**

1.0 ਉਪਰੋਕਤ ਵਿਸ਼ੇ ਤੇ ਆਪ ਜੀ ਨੂੰ ਸਮੇਂ ਸਮੇਂ ਸਿਰ ਭੇਜੇ ਗਏ ਪੱਤਰਾਂ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2.0 ਵੱਖ ਵੱਖ ਸਮਿਆਂ ਤੇ ਅਖਬਾਰਾਂ ਵਿੱਚ ਛਪੀਆਂ ਖ਼ਬਰਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਦਿੱਤੀ ਸੂਚਨਾ ਅਨੁਸਾਰ ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਅਧਿਆਪਕਾਂ ਦੀ ਡਿਊਟੀ ਬਤੌਰ ਬੂਥ ਲੇਵਲ ਅਫਸਰ ਆਪ ਜੀ ਵੱਲੋਂ ਲਗਾਈ ਗਈ ਹੈ । ਕਈ ਕਈ ਥਾਵਾਂ ਤੇ ਇਨ੍ਹਾਂ ਅਧਿਆਪਕਾਂ ਦੀ ਡਿਊਟੀ ਕਿਸੇ ਹੋਰ ਗੈਰ-ਵਿਦਿਅਕ ਕੰਮਾਂ ਲਈ ਵੀ ਲਗਾਈ ਜਾਂਦੀ ਹੈ । ਅਧਿਆਪਕਾਂ ਦੀ ਗੈਰ-ਵਿਦਿਅਕ ਕੰਮ ਲਈ ਡਿਊਟੀ ਲਗਾਉਣ ਨਾਲ ਸਕੂਲਾਂ ਦੀ ਪੜ੍ਹਾਈ ਦਾ ਬਹੁਤ ਵੱਡਾ ਨੁਕਸਾਨ ਹੋ ਜਾਂਦਾ ਹੈ ਜਿਸ ਦੀ ਭਰਪਾਈ ਕਿਸੇ ਵੀ ਹਾਲਤ ਵਿੱਚ ਨਹੀਂ ਹੋ ਸਕਦੀ ।

3.0 ਆਪ ਜੀ ਨੂੰ ਪਤਾ ਹੋਵੇਗਾ ਕਿ ਪੰਜਾਬ ਰਾਜ ਦੇ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਖਾਲੀ ਪਈਆਂ ਹਨ ਜਿਸ ਵਜ੍ਹਾ ਨਾਲ ਬੱਚਿਆਂ ਦੀ ਪੜ੍ਹਾਈ ਦਾ ਬਹੁਤ ਨੁਕਸਾਨ ਹੋ ਰਿਹਾ ਹੈ ।

4.0 ਇਹ ਮੁੱਦਾ ਮਾਨਯੋਗ ਮੁੱਖ ਮੰਤਰੀ, ਪੰਜਾਬ ਜੀ ਵੱਲੋਂ ਸਿੱਖਿਆ ਵਿਭਾਗ ਦੀ ਰਿਵਯੂ ਮੀਟਿੰਗ ਦੌਰਾਨ ਵੀ ਉਠਾਇਆ ਗਿਆ ਸੀ ਅਤੇ ਮਾਨਯੋਗ ਮੁੱਖ ਮੰਤਰੀ ਜੀ ਵੱਲੋਂ ਇਹ ਹਦਾਇਤਾਂ ਕੀਤੀਆਂ ਗਈਆਂ ਸਨ ਕਿ ਸਕੂਲਾਂ ਦੇ ਸਿੱਖਿਆ ਦੇ ਮਿਆਰ ਨੂੰ ਉੱਚਾ ਕਰਨ ਲਈ ਅਧਿਆਪਕਾਂ ਦੀ ਹਾਜ਼ਰੀ ਨੂੰ ਸਕੂਲਾਂ ਵਿੱਚ ਯਕੀਨੀ ਬਣਾਇਆ ਜਾਵੇ ਅਤੇ ਇਸ ਸਬੰਧ ਵਿੱਚ ਸਕੂਲਾਂ ਦੇ ਨਿਰੀਖਣ ਅਤੇ ਹੋਰ ਕੰਮਾਂ ਵਿੱਚ ਤੇਜ਼ੀ ਲਿਆਂਦੀ ਜਾਵੇ ।

5.0 ਪੰਜਾਬ ਰਾਜ ਦੇ ਵਿੱਚ ਅਧਿਆਪਕਾਂ ਦੀ ਗੈਰ-ਹਾਜ਼ਰੀ ਅਤੇ ਉਹਨਾਂ ਦੀ ਗੈਰ-ਵਿਦਿਅਕ ਕੰਮਾਂ ਤੇ ਲਗਾਈ ਡਿਊਟੀ ਨੂੰ ਸਰਕਾਰ ਨੇ ਬੜੀ ਗੰਭੀਰਤਾ ਨਾਲ ਲੈਂਦੇ ਹੋਇਆ ਇਹ ਹਦਾਇਤਾਂ ਕੀਤੀਆਂ ਹਨ ਕਿ ਅਧਿਆਪਕਾਂ ਦੀ ਡਿਊਟੀ ਕਿਸੇ ਵੀ ਗੈਰ-ਵਿਦਿਅਕ ਕੰਮਾਂ ਲਈ ਜਾਂ ਬੂਥ ਲੇਵਲ ਅਫਸਰ ਦੇ ਤੌਰ ਤੇ ਨਾ ਲਗਾਈ ਜਾਵੇ ।

ਇਹ ਪੱਤਰ ਮਾਨਯੋਗ ਮੁੱਖ ਮੰਤਰੀ ਪੰਜਾਬ ਜੀ ਦੇ ਹੁਕਮ ਮਿਤੀ 13.11.2009 ਦੇ ਅਨੁਸਾਰ ਜਾਰੀ ਕੀਤਾ ਜਾਂਦਾ ਹੈ ।

ਵਿਸ਼ੇਸ਼ ਸਕੱਤਰ ਅਤੇ ਡਾਇਰੈਕਟਰ ਜਨਰਲ
ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ 11/90/09-4ਸਿ6/2525 ਮਿਤੀ 30.11.2009

ਇਸ ਦਾ ਇੱਕ ਉਤਾਰਾ ਹੇਠਾਂ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

(1) ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ
(2) ਪ੍ਰਮੁੱਖ ਸਕੱਤਰ ਟੂ ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ
(3) ਓ.ਐਸ.ਡੀ. ਮੁੱਖ ਮੰਤਰੀ, ਪੰਜਾਬ, ਚੰਡੀਗੜ੍ਹ
(4) ਨਿ.ਸ. / ਸਿੱਖਿਆ ਮੰਤਰੀ, ਪੰਜਾਬ, ਚੰਡੀਗੜ੍ਹ
(5) ਨਿ.ਸ. / ਸਿੱਖਿਆ ਸਕੱਤਰ, ਪੰਜਾਬ, ਚੰਡੀਗੜ੍ਹ
(6) ਡੀ.ਪੀ.ਆਈ. (ਸੈ.ਸਿ.) ਅਤੇ (ਐ.ਸਿ.) ਪੰਜਾਬ, ਚੰਡੀਗੜ੍ਹ
(7) ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ
(8) ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)
(9) ਡੀ.ਐਮ. (ਐਮ.ਆਈ.ਐਸ.) ਨੂੰ ਵੈੱਬ ਸਾਈਟ ਤੇ ਪਾਉਣ ਲਈ ।

ਵਿਸ਼ੇਸ਼ ਸਕੱਤਰ ਅਤੇ ਡਾਇਰੈਕਟਰ ਜਨਰਲ
ਸਕੂਲ ਸਿੱਖਿਆ, ਪੰਜਾਬ